# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :15-12-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਤਿੰਨ ਦੇਸ਼ਾਂ ਜਾਰਡਨ, ਈਥੋਪੀਆ ਅਤੇ ਓਮਾਨ ਦੇ ਦੌਰੇ ਦੇ ਪਹਿਲੇ ਗੇੜ 'ਤੇ ਜਾਰਡਨ ਦੀ ਰਾਜਧਾਨੀ ਅੱਮਾਨ ਪਹੁੰਚੇ ।
- ਪੰਜਾਬ ਸਰਕਾਰ ਵੱਲੋਂ ਆਈ.ਆਈ.ਟੀ ਰੋਪੜ ਦੇ ਸਹਿਯੋਗ ਨਾਲ ਮਹੱਤਵਪੂਰਨ ਜਲ ਅਧਿਐਨ ਲਈ ਇਕ ਕਰੋੜ 61 ਲੱਖ ਰੁਪਏ ਦੀ ਪ੍ਰਵਾਨਗੀ I
- ਪੰਜਾਬ ਪੁਲਿਸ ਨੇ ਦਹਿਸ਼ਤਗਰਦੀ ਅਤੇ ਸੰਗਠਿਤ ਅਪਰਾਧ ਖਿਲਾਫ ਕਾਰਵਾਈ ਕਰਦਿਆਂ, ਅੰਤਰ-
ਰਾਜੀ ਅਪ੍ਰੇਸ਼ਨ ਦੌਰਾਨ ਮੁੰਬਈ ਤੋਂ ਦੋ ਦਹਿਸ਼ਤਗਰਦਾਂ ਨੂੰ ਕੀਤਾ ਗ੍ਰਿਫਤਾਰ ।

- ਪੰਜਾਬ ਸਿਖਿਆ ਵਿਭਾਗ ਵਲੋਂ, ਸੂਬੇ ਵਿਚ ਵੱਧ ਰਹੀ ਠੰਡ ਦੇ ਮੱਦੇਨ ਜ਼ਰ ਸਾਰੇ ਸਕੂਲਾਂ ਵਿਚ 24 ਤੋਂ 31 ਦਸੰਬਰ ਤੱਕ ਛੁਟੀਆਂ ਦਾ ਐਲਾਨ I
- 1971 ਦੀ ਭਾਰਤਪਾਕਿਸਤਾਨ ਜੰਗ ਵਿੱਚ ਇਤਿਹਾਸਕ ਜਿੱਤ ਦੀ ਯਾਦ ਵਿੱਚ ਵਿਜੇ ਦਿਵਸ ਮੌਕੇ ਫਾਜ਼ਿਲਕਾ ਜ਼ਿਲ੍ਹੇ ਵਿੱਚ, ਦੋ ਦਿਨਾਂ ਸਮਾਗ ਮ ਦਾ ਆਯੋਜਨ - ਅੱਜ ਵਿਜੈ ਮਾਰਚ ਕਢਿਆ ਗਿਆ I

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਤਿੰਨ ਦੇਸ਼ਾਂ ਜਾਰਡਨ , ਈਥੋਪੀਆ ਅਤੇ ਓਮਾਨ ਦੇ ਦੌਰੇ ਦੇ ਪਹਿਲੇ ਗੇੜ 'ਤੇ ਜਾਰਡਨ ਦੀ ਰਾਜਧਾਨੀ, ਅੱਮਾਨ ਪਹੁੰਚ ਗਏ ਨੇ । ਜੌਰਡਨ ਦੇ ਪ੍ਰਧਾਨ ਮੰਤਰੀ ਡਾ. ਜਾਫਰ ਹਸਨ ਨੇ ਹਵਾਈ ਅੱਡੇ 'ਤੇ ਸ੍ਰੀ ਮੋਦੀ ਦਾ ਰਸਮੀ ਸਵਾਗਤ ਕੀਤਾ। ਸੋਸ਼ਲ ਮੀਡੀਆ ਪਲੇਟਫਾਰਮ 'X' 'ਤੇ ਇੱਕ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਉਹ ਹਵਾਈ ਅੱਡੇ 'ਤੇ ਨਿੱਘੇ ਸਵਾਗਤ ਲਈ ਸ੍ਰੀ ਜਾਫਰ ਹਸਨ ਦੇ ਧੰਨਵਾਦੀ ਨੇ। ਸ੍ਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਨੂੰ ਯਕੀਨ ਏ ਕਿ ਇਹ ਦੌਰਾ, ਦੋਵਾਂ ਦੇਸ਼ਾਂ ਵਿਚਕਾਰ ਦੁਵੱਲੇ ਸਬੰਧਾਂ ਨੂੰ ਮਜ਼ਬੂਤ ਕਰੇਗਾ । ਰਾਜਾ ਅਬਦੁੱਲਾ II ਬਿਨ ਅਲ ਹੁਸੈਨ ਦੇ ਸੱਦੇ 'ਤੇ, ਪ੍ਰਧਾਨ ਮੰਤਰੀ 37 ਸਾਲਾਂ ਬਾਅਦ, ਜਾਰਡਨ ਦੇ ਪੂਰੇ ਦੌਰੇ 'ਤੇ ਆਏ ਨੇ। ਦੋਵੇਂ ਦੇਸ਼ ਕੂਟਨੀਤਕ ਸਬੰਧਾਂ ਦੀ ਸਥਾਪਨਾ ਦੀ 75ਵੀਂ ਵਰ੍ਹੇਗੰਢ ਮਨਾ ਰਹੇ ਨੇ। ਆਪਣੇ

ਰਵਾਨਗੀ ਬਿਆਨ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਉਹ ਆਪਣੇ ਦੌਰੇ ਦੇ ਪਹਿਲੇ ਪੜਾਅ ਵਿੱਚ ਰਾਜਾ ਅਬਦੁੱਲਾ ਅਤੇ ਜਾਰਡਨ ਦੇ ਪ੍ਰਧਾਨ ਮੰਤਰੀ ਜਾਫਰ ਹਸਨ ਨਾਲ ਵਿਸਥਾਰ ਨਾਲ ਚਰਚਾ ਕਰਨਗੇ।

---------------------------------------------------------------------

ਉਪ-ਰਾਸ਼ਟਰਪਤੀ ਸੀ. ਪੀ ਰਾਧਾਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਸਰਦਾਰ ਵੱਲਭਭਾਈ ਪਟੇਲ ਨੂੰ ਉਨ੍ਹਾਂ ਦੀ 75ਵੀਂ ਬਰਸੀ 'ਤੇ ਸ਼ਰਧਾਂਜਲੀ ਭੇਟ ਕੀਤੀ ਏ । ਉਪ-ਰਾਸ਼ਟਰਪਤੀ ਨੇ ਕਿਹਾ ਕਿ ਸਰਦਾਰ ਪਟੇਲ ਦੀ ਅਗਵਾਈ ਨੇ ਵਿਸ਼ਾਲ ਭਾਸ਼ਾਈ, ਸੱਭਿਆਚਾਰਕ ਅਤੇ ਖੇਤਰੀ ਵਿਭਿੰਨਤਾ ਵਾਲੇ ਰਾਸ਼ਟਰ ਨੂੰ ਇਕੱਠਾ ਕਰਨ ਦੀ ਵੱਡੀ ਚੁਣੌਤੀ ਦਾ ਸਾਹਮਣਾ ਕੀਤਾ। ਉਨ੍ਹਾਂ ਕਿਹਾ ਕਿ ਸਰਦਾਰ ਪਟੇਲ ਵਲੋਂ ਪਾਇਆ ਯੋਗਦਾਨ ਬੇਮਿਸਾਲ ਏ । ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਸਰਦਾਰ ਪਟੇਲ ਨੇ ਦੇਸ਼ ਨੂੰ ਇਕ ਸੂਤਰ ਵਿਚ ਬੰਨਣ ਲਈ ਆਪਣਾ ਜੀਵਨ ਸਮਰਪਿਤ ਕੀਤਾ। ਉਨ੍ਹਾਂ ਕਿਹਾ ਕਿ ਰਾਸ਼ਟਰ ਇੱਕ ਅਣਵੰਡੇ ਅਤੇ ਮਜ਼ਬੂਤ ਭਾਰਤਵਰਸ਼ ਦੀ ਸਿਰਜਣਾ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਹਮੇਸ਼ਾ ਯਾਦ ਰੱਖੇਗਾ। ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਕਿਹਾ ਕਿ ਸਰਦਾਰ ਪਟੇਲ ਨੇ ਪ੍ਰਤੀਕੂਲ ਹਾਲਾਤ ਦੇ ਬਾਵਜੂਦ ਭਾਰਤ ਨੂੰ

ਇਕੱਠਿਆਂ ਕੀਤਾ ਸੀ। ਅਮਿਤ ਸ਼ਾਹ ਨੇ ਕਿਹਾ ਕਿ ਦੇਸ਼ ਦੇ ਪਹਿਲੇ ਗ੍ਰਹਿ ਮੰਤਰੀ ਹੋਣ ਦੇ ਨਾਤੇ, ਸਰਦਾਰ ਪਟੇਲ ਨੇ ਭਾਰਤ ਮਾਤਾ ਦੀ ਸੁਰੱਖਿਆ, ਦੇਸ਼ ਵਿੱਚ ਅੰਦਰੂਨੀ ਸਥਿਰਤਾ ਅਤੇ ਸ਼ਾਂਤੀ ਦੀ ਸਥਾਪਨਾ ਨੂੰ ਆਪਣੇ ਜੀਵਨ ਦਾ ਟੀਚਾ ਬਣਾਇਆ। ਗ੍ਰਹਿ ਮੰਤਰੀ ਨੇ ਕਿਹਾ ਕਿ ਸਰਦਾਰ ਪਟੇਲ ਨੇ ਸਹਿਕਾਰੀ ਅੰਦੋਲਨ ਨੂੰ ਸੁਰਜੀਤ ਕੀਤਾ ਅਤੇ ਔਰਤਾਂ ਅਤੇ ਕਿਸਾਨਾਂ ਨੂੰ ਸਸ਼ਕਤ ਬਣਾ ਕੇ ਇੱਕ ਆਤਮ-ਨਿਰਭਰ ਭਾਰਤ ਦੀ ਬੁਨਿਆਦ ਰੱਖੀ।

-----------------------------------------------------------------------

ਪੰਜਾਬ ਦੇ ਪਾਣੀ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ, ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ 1 ਕਰੋੜ 61 ਲੱਖ ਰੁਪਏ ਦੇ ਸੂਖਮ-ਪੱਧਰੀ ਅਧਿਐਨ ਲਈ ਸਿਧਾਂਤਕ ਪ੍ਰਵਾਨਗੀ ਦਾ ਐਲਾਨ ਕੀਤਾ ਏ। ਇਹ ਅਧਿਐਨ ਪੰਜਾਬ ਰਾਜ ਕਿਸਾਨ ਅਤੇ ਖੇਤ ਮਜ਼ਦੂਰ ਕਮਿਸ਼ਨ ਵਲੋਂ ਆਈ.ਆਈ.ਟੀ ਰੋਪੜ ਦੇ ਸਹਿਯੋਗ ਨਾਲ ਕੀਤਾ ਜਾਵੇਗਾ ਜੋ ਸੂਬੇ ਦੇ ਭੂਮੀਗਤ ਪਾਣੀ ਦੇ ਪੱਧਰਾਂ ਦੇ ਪ੍ਰਬੰਧਨ ਲਈ ਪ੍ਰਭਾਵਸ਼ਾਲੀ ਹੱਲ ਵਿਕਸਤ ਕਰਨ ਵਿੱਚ ਸਹਾਇਤਾ ਕਰੇਗਾ। ਇਸ ਪਹਿਲਕਦਮੀ ਦੇ ਮਹੱਤਵ ਨੂੰ ਉਜਾਗਰ ਕਰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇੱਕ ਖੇਤੀਬਾੜੀ ਪ੍ਰਧਾਨ ਸੂਬਾ ਹੋਣ ਦੇ ਨਾਤੇ, ਪੰਜਾਬ ਨੂੰ ਪਾਣੀ ਦੀ

ਉਪਲਬਧਤਾ ਅਤੇ ਇਸ ਦੀ ਪਾਏਦਾਰ ਵਰਤੋਂ ਸੰਬੰਧੀ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰਨਾ ਪੈਂਦਾ ਏ । ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਸੂਬੇ ਦੇ ਖੇਤੀਬਾੜੀ ਯੁੱਗ ਦੇ ਸੁਰਜੀਤੀ ਵੱਲ ਇੱਕ ਮਹੱਤਵਪੂਰਨ ਕਦਮ ਸਾਬਿਤ ਹੋਵੇਗਾ। ਵਿੱਤ ਮੰਤਰੀ ਨੇ ਕਿਹਾ ਕਿ ਸੂਖਮ-ਪੱਧਰੀ ਅਧਿਐਨ ਵਿੱਚ ਕਾਰਬਨ ਡੇਟਿੰਗ ਅਤੇ ਜ਼ਮੀਨਦੋਜ਼ ਅਤੇ ਪਾਣੀ ਦੇ ਭੰਡਾਰਾਂ ਆਈਸੋ-ਟੋਪ ਵਿਸ਼ਲੇਸ਼ਣ ਦੇ ਨਾਲ-ਨਾਲ ਸੂਬੇ ਭਰ ਵਿੱਚ ਸੀਪੇਜ ਦੇ ਨਮੂਨਿਆਂ ਦੀ ਵਿਆਪਕ ਜਾਂਚ ਸਮੇਤ ਉੱਨਤ ਤਕਨੀਕਾਂ ਦੀ ਵਰਤੋਂ ਕੀਤੀ ਜਾਵੇਗੀ। ਇਸ ਅਧਿਐਨ ਦੇ ਉਦੇਸ਼ਾਂ ਵਿੱਚ ਕਈ ਅਹਿਮ ਪਹਿਲੂ ਸ਼ਾਮਲ ਹਨ, ਜਿਨ੍ਹਾਂ ਵਿੱਚ ਹਰ ਤਰ੍ਹਾਂ ਦੇ ਉਪਲਬਧ ਜਲ ਸਰੋਤਾਂ ਦਾ ਬਿਊਰਾ, ਨੀਤੀਗਤ ਫੈਸਲਿਆਂ ਲਈ ਐਕੁਈਫਰਾਂ ਦੀ ਵਿਸ਼ੇਸ਼ਤਾ ਦੱਸਣਾ, ਹੈਲੀਕਾਪਟ ਰਾਹੀਂ ਆਧੂਨਿਕ ਤਕਨੀਕਾਂ ਦੀ ਵਰਤੋਂ ਨਾਲ ਜਲ ਸਰੋਤਾਂ ਦਾ ਸਰਵੇਖਣ, ਬਦਲਵੇਂ ਜਲ ਸਰੋਤਾਂ ਦੀ ਖੋਜ ਕਰਨਾ, ਅਤੇ ਸੀਪੇਜ ਦਰਾਂ ਨਿਰਧਾਰਤ ਕਰਨ ਲਈ ਸੂਖਮ-ਪੱਧਰੀ ਅਧਿਐਨ ਕਰਨਾ ਸ਼ਾਮਲ ਹੈ। ਅਧਿਐਨ ਲਈ ਮਨਜ਼ੂਰ ਕੀਤੇ ਗਏ ਵਿੱਤੀ ਵੰਡ ਬਾਰੇ ਵੇਰਵੇ ਪ੍ਰਦਾਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਸ ਪ੍ਰੋਜੈਕਟ ਨੂੰ 221 ਲੱਖ 65 ਹਜ਼ਾਰ ਰੁਪਏ ਦੇ ਕੁੱਲ ਖਰਚ ਨਾਲ ਫੰਡ ਕੀਤਾ ਜਾਵੇਗਾ।  ਇਸ ਅਧਿਐਨ ਵਿੱਚ ਪੰਜ ਗੇੜ ਸ਼ਾਮਲ ਨੇ ਜੋ

ਲੋੜੀਂਦੇ ਫੰਡ ਪ੍ਰਾਪਤ ਹੋਣ ਦੇ 12 ਮਹੀਨਿਆਂ ਦੇ ਅੰਦਰ ਪੂਰਾ ਹੋਣ ਲਈ ਤਹਿ ਕੀਤੇ ਗਏ ਨੇ ।

---------------------------------------------------------------------

ਪੰਜਾਬ ਪੁਲਿਸ ਨੇ ਦਹਿਸ਼ਤਗਰਦੀ ਅਤੇ ਸੰਗਠਿਤ ਅਪਰਾਧ 'ਤੇ ਵੱਡੀ ਕਾਰਵਾਈ ਕਰਦਿਆਂ, ਇਕ ਅੰਤਰ-ਰਾਜੀ ਅਪ੍ਰੇਸ਼ਨ ਦੌਰਾਨ ਮੁੰਬਈ ਤੋਂ ਦੋ ਦਹਿਸ਼ਤਗਰਦਾਂ ਨੂੰ ਗ੍ਰਿਫਤਾਰ ਕੀਤਾ ਏ ।

ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਇਸ ਬਾਰੇ ਵੇਰਵੇ ਸਾਂਝੇ ਕਰਦਿਆਂ ਦਸਿਆਕਿ ਇਹ ਦੋਨੋਂ ਦੁਬਈ ਅਤੇ ਅਰਮੀਨੀਆ ਸਮੇਤ ਵਿਦੇਸ਼ੀ ਥਾਵਾਂ ਤੋਂ ਕੰਮ ਕਰ ਰਹੇ ਸਨ ।

BYTE:RNU151225

---------------------------------------------------------------------

ਚੋਣ ਕਮਿਸ਼ਨ ਵੱਲੋਂ ਪੰਜਾਬ ਦੇ ਕੁਝ ਜ਼ਿਲਿਆਂ ਦੇ ਬੂਥਾਂ 'ਤੇ ਮੁੜ ਤੋਂ ਜ਼ਿਲ੍ਹਾ ਪ੍ਰੀਸ਼ਦਾਂ ਦੀਆਂ ਚੋਣਾਂ ਕਰਵਾਉਣ ਦਾ ਹੁਕਮ ਦਿੱਤਾ ਗਿਆ ਏ I

ਜ਼ਿਲ੍ਹਾ ਅੰਮ੍ਰਿਤਸਰ ਦੇ ਬਲਾਕ ਸੰਮਤੀ ਅਟਾਰੀ, ਜ਼ਿਲ੍ਹਾ ਬਰਨਾਲਾ ਦੇ ਬਲਾਕ ਸੰਮਤੀ ਚੰਨਣਵਾਲ ਪਿੰਡ ਰਾਏਸਰ ਪਟਿਆਲਾ ,ਗਿੱਦੜਬਾਹਾ ਦੇ ਬਲਾਕ ਕੋਟ ਭਾਈ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਪਿੰਡ ਬਬਾਨੀਆ ਅਤੇ ਪਿੰਡ ਮਧੀਰ ਜ਼ਿਲ੍ਹਾ ਗੁਰਦਾਸਪੁਰ ਦੇ ਪਿੰਡ

ਚੰਨ੍ਹੀਆਂ, ਜ਼ਿਲ੍ਹਾ ਜਲੰਧਰ ਦੇ ਪੰਚਾਇਤ ਸੰਮਤੀ ਭੋਗਪੁਰ ਵਿਚ, ਇਹ ਚੋਣਾਂ ਕੱਲ ਨੂੰ ਸਵੇਰੇ 8 ਵਜੇ ਤੋਂ ਸ਼ਾਮ 4 ਵਜੇ ਤੱਕ ਕਰਵਾਈਆਂ ਜਾਣਗੀਆਂ ਅਤੇ ਇਹਨਾਂ ਵੋਟਾਂ ਦੀ ਗਿਣਤੀ 17 ਤਰੀਕ ਨੂੰ ਆਮ ਗਿਣਤੀ ਦੇ ਨਾਲ ਹੀ ਕੀਤੀ ਜਾਵੇਗੀ। ਜਲੰਧਰ ਚ ਦੁਆਬਾ ਕਾਲਜ ਜਲੰਧਰ ਵਿਖੇ ਬੈਲਟ ਬਾਕਸਾਂ ਨੂੰ ਰੱਖਣ ਲਈ ਬਣਾਏ ਗਏ ਗਿਣਤੀ ਕੇਂਦਰ ਦਾ ਚੋਣ ਆਬਜਰਵਰ ਨਯਨ ਵਲੋਂ ਨਿਰਖਣ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਬੈਲਟ ਬਾਕਸਾਂ ਦੀ 24 ਘੰਟੇ ਨਿਗਰਾਨੀ ਲਈ ਸੀ.ਸੀ.ਟੀ.ਵੀ. ਕੈਮਰੇ ਲਗਾਏ ਗਏ ਹਨ ਅਤੇ ਕਿਸੇ ਨੂੰ ਵੀ ਅੰਦਰ ਜਾਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਚੋਣ ਕਮਿਸ਼ਨ ਵਲੋਂ ਜਾਰੀ ਹਦਾਇਤਾਂ ਦੀ ਸਖਤੀ ਨਾਲ ਪਾਲਣਾ ਨੂੰ ਯਕੀਨੀ ਬਣਾਉਂਦਿਆਂ ਵੋਟਾਂ ਦੀ ਗਿਣਤੀ ਪੂਰੀ ਪਾਰਦਰਸ਼ਤਾ ਨਾਲ ਕੀਤੀ ਜਾਵੇਗੀ। ਇਸੇ ਦੌਰਾਨ ਕੱਲ ਨੂੰ ਦੁਬਾਰਾ ਚੋਣਾਂ ਹੋਣ ਵਾਲੇ ਖੇਤਰ ਵਿੱਚ ਅੱਜ ਰਾਤ 12 ਵਜੇ ਤੋਂ 17 ਦਸੰਬਰ ਨੂੰ ਸਵੇਰੇ 10 ਵਜੇ ਤੱਕ "ਡਰਾਈ ਡੇ" ਐਲਾਨਿਆ ਗਿਆ ।ਹੁਕਮਾਂ ਅਨੁਸਾਰ ਇਹਨਾਂ ਦਿਨਾਂ ਦੌਰਾਨ ਸ਼ਰਾਬ ਦੇ ਠੇਕੇ ਬੰਦ ਕਰਨ ਅਤੇ ਕਿਸੇ ਵੀ ਵਿਅਕਤੀ ਵਲੋਂ ਸ਼ਰਾਬ ਭੰਡਾਰ ਕਰਨ ਅਤੇ ਵੇਚਣ 'ਤੇ ਪੂਰਨ ਤੌਰ 'ਤੇ ਰੋਕ ਹੋਵੇਗੀ। ਇਹ ਹੁਕਮ ਹੋਟਲਾਂ, ਰੈਸਟੋਰੈਂਟਾਂ, ਕਲੱਬਾਂ ਅਤੇ ਸ਼ਰਾਬ ਦੇ ਅਹਾਤਿਆਂ 'ਤੇ 'ਤੇ ਵੀ ਪੂਰਨ ਤੌਰ 'ਤੇ ਲਾਗੂ ਹੋਣਗੇ।

ਹੁਕਮਾਂ ਦੀ ਉਲੰਘਣਾ ਕਰਨ ’ਤੇ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

---------------------------------------------------------------------

ਜਲੰਧਰ ਡਿਪਟੀ ਕਮਿਸ਼ਨਰ ਡਾ.ਹਿਮਾਂਸ਼ੂ ਅਗਰਵਾਲ ਅਤੇ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹਨਾਂ ਨੂੰ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਸਬੰਧੀ ਮਿਲੀਆਂ ਈਮੇਲਜ਼ ਤੋਂ ਘਬਰਾਉਣ ਦੀ ਲੋੜ ਨਹੀਂ ਏ । ਉਨ੍ਹਾਂ ਕਿਹਾ ਕਿ ਮੁੱਢਲੀ ਜਾਂਚ-ਪੜਤਾਲ ਵਿੱਚ ਇਨ੍ਹਾਂ ਧਮਕੀਆਂ ਨੂੰ ਝੂਠੀਆਂ ਤੇ ਬੁਨਿਆਦ ਪਾਇਆ ਗਿਆ ਏ । ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਿਵਲ ਪ੍ਰਸ਼ਾਸ਼ਨ ਅਤੇ ਕਮਿਸ਼ਨਰੇਟ ਪੁਲਿਸ ਵਲੋਂ 11 ਸਕੂਲਾਂ ਨੂੰ ਬੰਬ ਦੀਆਂ ਧਮਕੀਆਂ ਮਿਲਣ ’ਤੇ ਤੁਰੰਤ ਕਰਵਾਈ ਸ਼ੁਰੂ ਕਰ ਦਿੱਤੀ ਗਈ ਏ । ਉਨ੍ਹਾਂ ਕਿਹਾ ਕਿ ਸੁਰੱਖਿਆ ਦੇ ਮੱਦੇਨਜ਼ਰ ਹੋਰਨਾਂ ਸੁਰੱਖਿਆ ਟੀਮਾਂ ਨੂੰ ਤੁਰੰਤ ਸਬੰਧਿਤ ਸਕੂਲਾਂ ਦੀ ਬਾਰੀਕੀ ਨਾਲ ਜਾਂਚ ਕਰਨ ਲਈ ਭੇਜ ਦਿੱਤਾ ਗਿਆ ਏ । ਉਨ੍ਹਾਂ ਕਿਹਾ ਕਿ ਜਾਂਚ ਦੌਰਾਨ ਕੋਈ ਵੀ ਸ਼ੱਕੀ ਵਸਤੂ ਅਤੇ ਗਤੀਵਿਧੀ ਸਾਹਮਣੇ ਨਹੀਂ ਆਈ।  ਪੁਲਿਸ ਕਮਿਸ਼ਨਰ ਨੇ ਕਿਹਾ ਕਿ ਇਕ ਵਾਰ ਦੋਸ਼ੀਆਂ ਦੀ ਪਹਿਚਾਣ ਹੋ ਜਾਣ ਤੋਂ ਬਾਅਦ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

------------------------------------------------------------------

ਪੰਜਾਬ ਵਿਚ ਵੱਧ ਰਹੀ ਠੰਡ ਦੇ ਮੱਦੇਨਜ਼ਰ ਸਾਰੇ ਸਰਕਾਰੀ, ਪ੍ਰਾਈਵੇਟ ਏਡਡ , ਮਾਨਤਾ ਪ੍ਰਾਪਤ ਅਤੇ ਪ੍ਰਾਈਵੇਟ ਸਕੂਲਾਂ ਵਿਚ 24 ਤੋਂ 31 ਦਸੰਬਰ ਤੱਕ ਛੁਟੀਆਂ ਦਾ ਐਲਾਨ ਕੀਤਾ ਗਿਆ ਏ I ਪੰਜਾਬ ਸੂਲ ਸਿਖਿਆ ਵਿਭਾਗ ਦੇ ਸਕੱਤਰ ਅਨਿਦਿੱਤਾ ਮਿਤਰਾ ਵਲੋਂ ਇਕ ਪੱਤਰ ਜਾਰੀ ਕਰਕੇ ਇਹ ਐਲਾਨ ਕੀਤਾ ਗਿਆ I

------------------------------------------------------------------

1971 ਦੀ ਭਾਰਤ-ਪਾਕਿਸਤਾਨ ਜੰਗ ਵਿੱਚ ਇਤਿਹਾਸਕ ਜਿੱਤ ਦੀ ਯਾਦ ਵਿੱਚ ਵਿਜੇ ਦਿਵਸ ਦੇ ਮੌਕੇ ਫਾਜ਼ਿਲਕਾ ਜ਼ਿਲ੍ਹੇ ਵਿੱਚ ਦੋ ਦਿਨਾਂ ਸਮਾਗਮ ਆਯੋਜਿਤ ਕੀਤੇ ਜਾ ਰਹੇ ਨੇ । ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਸ਼ਰਧਾਂਜਲੀ ਦੇਣ ਲਈ ਅੱਜ ਫਾਜ਼ਿਲਕਾ ਸ਼ਹਿਰ ਵਿੱਚ ਇੱਕ ਵਿਸ਼ਾਲ ਵਿਜੈ ਮਾਰਚ ਕਢਿਆ ਗਿਆ I ਸ਼ਹੀਦਾ ਦੀ ਸਮਾਧੀ ਕਮੇਟੀ ਦੇ ਅਧਿਕਾਰੀਆਂ ਪ੍ਰਫੁੱਲ ਚੰਦਰ ਨਾਗਪਾਲ ਤੇ ਰਵੀ ਨਾਗਪਾਲ, ਨੇ ਦੱਸਿਆ ਕਿ "ਫਾਜ਼ਿਲਕਾ ਦੇ ਰਖਵਾਲਿਆਂ ਦਾ ਸਨਮਾਨ ਕਰਨ" ਲਈ ਅੱਜ ਵਿਜੇ ਪਰੇਡ ਦਾ ਆਯੋਜਨ ਕੀਤਾ ਗਿਆ ਸੀ। ਇਹ ਮਾਰਚ ਦੁਪਹਿਰ ਢਾਈ 2 ਵਜੇ ਸ਼ਹੀਦ ਭਗਤ ਸਿੰਘ ਮਾਰਕੀਟ ਤੋਂ ਸ਼ੁਰੂ ਹੋਕੇ ਘੰਟਾਘਰ 'ਤੇ ਸਮਾਪਤ ਹੋਇਆ। ਇਸ ਦੌਰਾਨ ਬਾਜ਼ਾਰਾਂ ਵਿਚ ਇਸ ਵਿਜੈ ਮਾਰਚ ਦਾ ਲੋਕਾਂ ਵੱਲੋਂ ਸਵਾਗਤ ਕੀਤਾ ਗਿਆ ਉਨਾ ਦਸਿਆ ਕਿ ਮੁੱਖ ਸ਼ਰਧਾਂਜਲੀ

ਸਮਾਗਮ ਕਲ ਨੂੰ ਆਸਫਵਾਲਾ ਪਿੰਡ ਦੇ ਜੰਗੀ ਯਾਦਗਾਰ ਕੰਪਲੈਕਸ ਵਿਖੇ ਕੀਤਾ ਜਾਵੇਗਾ I ਮੁੱਖ ਮਹਿਮਾਨ 17 ਇਨਫੈਂਟਰੀ ਬ੍ਰਿਗੇਡ ਦੇ ਕਮਾਂਡਰ ਬ੍ਰਿਗੇਡੀਅਰ ਸੁਸ਼ੀਲ ਚੰਦਵਾਨੀ ਅਤੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਹੋਣਗੇ। ਹੋਰ ਪਤਵੰਤੇ ਤੇ ਅਧਿਕਾਰੀ ਵੀ ਸ਼ਾਮਲ ਹੋਣਗੇ। ਵਿਜੇ ਦਿਵਸ ਪ੍ਰੋਗਰਾਮ ਸਵੇਰੇ ਵਿਦਿਆਰਥੀਆਂ ਵਲੋਂ ਇੱਕ ਮੈਰਾਥਨ ਦੌੜ ਨਾਲ ਸ਼ੁਰੂ ਹੋਵੇਗਾ । ਪ੍ਰੋਗਰਾਮ ਦੌਰਾਨ ਡਾ. MS ਉਮਾ ਸ਼ਰਮਾ ਵਲੋਂ ਲਿਖੀ ਗਈ ਇੱਕ ਕਿਤਾਬ ਵੀ ਜਾਰੀ ਕੀਤੀ ਜਾਵੇਗੀ। ਇਸ ਤੋਂ ਬਾਅਦ, ਸ਼ਹੀਦਾਂ ਦੇ ਪਰਿਵਾਰਾਂ ਨੂੰ ਸਨਮਾਨਿਤ ਕੀਤਾ ਜਾਵੇਗਾ ।

---------------------------------------------------------------------------

ਲੁਧਿਆਣਾ ਸਥਿਤ ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ ਦੇ ਵਿਸਥਾਰ ਸਿੱਖਿਆ ਡਾਇਰੈਕਟੋਰੇਟ ਨੇ ਡੇਅਰੀ ਅਤੇ ਖੁਰਾਕ ਵਿਗਿਆਨ ਤਕਨਾਲੋਜੀ ਕਾਲਜ ਵਿਖੇ "ਦੁੱਧ ਅਤੇ ਦੁੱਧ ਉਤਪਾਦਾਂ ਦਾ ਮੁੱਲ ਵਾਧਾ" ਸਿਰਲੇਖ ਹੇਠ ਤਿੰਨ ਦਿਨਾਂ ਸਿਖਲਾਈ ਪ੍ਰੋਗਰਾਮ ਦਾ ਆਯੋਜਨ ਕੀਤਾ। ਇਸ ਪ੍ਰੋਗਰਾਮ ਦਾ ਉਦੇਸ਼ ਮੁਸ਼ਕਾਬਾਦ FAM ਡੇਅਰੀ ਉਤਪਾਦਕ ਕੰਪਨੀ ਲਿਮਟਿਡ ਦੇ ਬੋਰਡ ਆਫ਼ ਡਾਇਰੈਕਟਰਜ਼ ਦੀ ਸਮਰੱਥਾ ਨਿਰਮਾਣ ਕਰਨਾ ਸੀ। ਵਾਈਸ-ਚਾਂਸਲਰ ਡਾ. ਜੇ.ਪੀ.ਐਸ. ਗਿੱਲ, ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਵੱਖ ਵੱਖ ਡੇਅਰੀ ਉਤਪਾਦਾਂ ਵਿੱਚ ਦੁੱਧ ਦਾ ਮੁੱਲ ਵਾਧਾ ਨਾ ਸਿਰਫ਼ ਸ਼ੈਲਫ

ਲਾਈਫ ਅਤੇ ਭੋਜਨ ਦੀ ਗੁਣਵੱਤਾ ਵਿੱਚ ਸੁਧਾਰ ਕਰਦਾ ਏ ਬਲਕਿ ਕਿਸਾਨਾਂ ਦੀ ਆਮਦਨ ਵਿੱਚ ਵੀ ਮਹੱਤਵਪੂਰਨ ਵਾਧਾ ਕਰਦਾ ਏ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਛੋਟੇ ਅਤੇ ਸੀਮਾਂਤ ਡੇਅਰੀ ਕਿਸਾਨ ਆਪਣੀ ਆਰਥਿਕ ਸਥਿਰਤਾ ਨੂੰ ਮਜ਼ਬੂਤ ਕਰਨ ਲਈ, ਸਮੂਹਿਕ ਤੌਰ 'ਤੇ ਮੁੱਲ ਵਾਧਾ ਅਭਿਆਸਾਂ ਨੂੰ ਅਪਣਾ ਸਕਦੇ ਹਨ।

---------------------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਨਵੰਬਰ ਮਹੀਨੇ ਦੌਰਾਨ ਭ੍ਰਿਸ਼ਟਾਚਾਰ ਦੇ 8 ਵੱਖ-ਵੱਖ ਮਾਮਲਿਆਂ ਵਿੱਚ 9 ਸਰਕਾਰੀ ਮੁਲਾਜ਼ਮਾਂ ਅਤੇ 2 ਨਿਜੀ ਵਿਅਕਤੀਆਂ ਨੂੰ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਏ। ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਬਿਊਰੋ ਨੇ ਪਿਛਲੇ ਮਹੀਨੇ ਵੱਖ-ਵੱਖ ਸਮਰੱਥ ਅਦਾਲਤਾਂ ਵਿੱਚ 12 ਵਿਜੀਲੈਂਸ ਮਾਮਲਿਆਂ ਨਾਲ ਸਬੰਧਤ ਚਲਾਨ ਪੇਸ਼ ਕੀਤੇ ਹਨ। ਇਸ ਦੇ ਨਾਲ ਹੀ ਭ੍ਰਿਸ਼ਟਾਚਾਰ ਦੇ ਮਾਮਲਿਆਂ ਦੀ ਡੂੰਘਾਈ ਨਾਲ ਜਾਂਚ ਕਰਨ ਲਈ 7 ਮਾਮਲਿਆਂ ਵਿੱਚ ਵਿਜੀਲੈਂਸ ਜਾਂਚ ਵੀ ਦਰਜ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ 17 ਮੁਲਜ਼ਮਾਂ ਵਿਰੁੱਧ 8 ਅਪਰਾਧਿਕ ਮਾਮਲੇ ਵੀ ਦਰਜ ਕੀਤੇ ਗਏ ਹਨ ਜਿਨ੍ਹਾਂ ਵਿੱਚ 11 ਸਰਕਾਰੀ ਕਰਮਚਾਰੀ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਵੱਖ-ਵੱਖ ਅਦਾਲਤਾਂ ਨੇ ਪਿਛਲੇ ਮਹੀਨੇ ਦੌਰਾਨ ਬਿਊਰੋ ਵੱਲੋਂ ਦਾਇਰ ਕੀਤੇ ਤਿੰਨ ਰਿਸ਼ਵਤਖੋਰੀ ਦੇ ਮਾਮਲਿਆਂ ਦਾ ਫੈਸਲਾ ਕੀਤਾ

ਏ , ਜਿਸ ਵਿੱਚ ਪੰਜ ਵਿਅਕਤੀਆਂ ਨੂੰ ਦੋਸ਼ੀ ਠਹਿਰਾਇਆ ਗਿਆ ਏ ਅਤੇ ਤਿੰਨ ਸਾਲ ਤੋਂ ਪੰਜ ਸਾਲ ਦੀ ਕੈਦ ਅਤੇ 10 ਹਜ਼ਾਰ ਰੁਪਏ ਤੋਂ 67 ਹਜ਼ਾਰ ਰੁਪਏ ਤੱਕ ਦੇ ਜੁਰਮਾਨੇ ਦੀ ਸਜ਼ਾ ਸੁਣਾਈ ਗਈ ਏ ।

--------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਤਿੰਨ ਦੇਸ਼ਾਂ ਜਾਰਡਨ, ਈਥੋਪੀਆ ਅ ਤੇ ਓਮਾਨ ਦੇ ਦੌਰੇ ਦੇ ਪਹਿਲੇ ਗੇੜ 'ਤੇ ਜਾਰਡਨ ਦੀ ਰਾਜਧਾਨੀ ਅੱਮਾ ਨ ਪਹੁੰਚੇ ।
- ਪੰਜਾਬ ਸਰਕਾਰ ਵੱਲੋਂ ਆਈ.ਆਈ.ਟੀ ਰੋਪੜ ਦੇ ਸਹਿਯੋਗ ਨਾਲ ਮ ਹੱਤਵਪੂਰਨ ਜਲ ਅਧਿਐਨ ਲਈ ਇਕ ਕਰੋੜ 61 ਲੱਖ ਰੁਪਏ ਦੀ ਪ੍ਰਵਾ ਨਗੀ I
- ਪੰਜਾਬ ਪੁਲਿਸ ਨੇ ਦਹਿਸ਼ਤਗਰਦੀ ਅਤੇ ਸੰਗਠਿਤ ਅਪਰਾਧ ਖਿਲਾ ਫ ਕਾਰਵਾਈ ਕਰਦਿਆਂ, ਅੰਤਰ-
ਰਾਜੀ ਅਪ੍ਰੇਸ਼ਨ ਦੌਰਾਨ ਮੁੰਬਈ ਤੋਂ ਦੋ ਦਹਿਸ਼ਤਗਰਦਾਂ ਨੂੰ ਕੀਤਾ ਗ੍ਰਿਫ ਤਾਰ ।
- ਪੰਜਾਬ ਸਿਖਿਆ ਵਿਭਾਗ ਵਲੋਂ, ਸੂਬੇ ਵਿਚ ਵੱਧ ਰਹੀ ਠੰਡ ਦੇ ਮੱਦੇਨ ਜ਼ਰ ਸਾਰੇ ਸਕੂਲਾਂ ਵਿਚ 24 ਤੋਂ 31 ਦਸੰਬਰ ਤੱਕ ਛੁਟੀਆਂ ਦਾ ਐਲਾਨ I

- 1971 ਦੀ ਭਾਰਤਪਾਕਿਸਤਾਨ ਜੰਗ ਵਿੱਚ ਇਤਿਹਾਸਕ ਜਿੱਤ ਦੀ ਯਾਦ ਵਿੱਚ ਵਿਜੇ ਦਿਵਸ ਮੌਕੇ ਫਾਜ਼ਿਲਕਾ ਜ਼ਿਲ੍ਹੇ ਵਿੱਚ, ਦੋ ਦਿਨਾਂ ਸਮਾਗਮ ਦਾ ਆਯੋਜਨ - ਅੱਜ ਵਿਜੈ ਮਾਰਚ ਕਢਿਆ ਗਿਆ I

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**